ਰਾਗੁ ਗੋਂਡ ਮਹਲਾ ੫ ਚਉਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਸਭੁ ਕਰਤਾ ਸਭੁ ਭੁਗਤਾ ॥੧॥ ਰਹਾਉ ॥ ਸੁਨਤੋ ਕਰਤਾ ਪੇਖਤ ਕਰਤਾ ॥ ਅਦ੍ਰਿਸਟੋ ਕਰਤਾ ਦ੍ਰਿਸਟੋ ਕਰਤਾ ॥ ਓਪਤਿ ਕਰਤਾ ਪਰਲਉ ਕਰਤਾ ॥ ਬਿਆਪਤ ਕਰਤਾ ਅਲਿਪਤੋ ਕਰਤਾ ॥ ੧॥ ਬਕਤੋ ਕਰਤਾ ਬੂਝਤ ਕਰਤਾ ॥ ਆਵਤੁ ਕਰਤਾ ਜਾਤੁ ਭੀ ਕਰਤਾ ॥ ਨਿਰਗੁਨ ਕਰਤਾ ਸਰਗੁਨ ਕਰਤਾ ॥ ਗੁਰ ਪ੍ਰਸਾਦਿ ਨਾਨਕ ਸਮਦ੍ਰਿਸਟਾ ॥੨॥੧॥ {ਪੰਨਾ 862}

ਨੋਟ:- ਸਿਰਲੇਖ 'ਚਉਪਦੇ' ਹੈ। ਪਰ ਇਹ ਪਹਿਲਾ ਸ਼ਬਦ 'ਦੁਪਦਾ' ਹੈ।

ਪਦਅਰਥ:- ਸਭੁ—ਹਰੇਕ ਚੀਜ਼। ਕਰਤਾ—ਪੈਦਾ ਕਰਨ ਵਾਲਾ। ਭੁਗਤਾ—ਭੋਗਣ ਵਾਲਾ।1। ਰਹਾਉ।

ਪੇਖਤ—ਵੇਖਣ ਵਾਲਾ। ਅਦ੍ਰਿਸਟੋ—ਨਾਹ ਦਿੱਸਦਾ ਜਗਤ। ਦ੍ਰਿਸਟੋ—ਦਿੱਸਦਾ ਸੰਸਾਰ। ਓਪਤਿ—ਉਤਪੱਤੀ, ਪੈਦਾਇਸ਼। ਪਰਲਉ—{pRlX} ਨਾਸ। ਬਿਆਪਤ—ਵਿਆਪਕ। ਅਲਿਪਤੋ—ਨਿਰਲੇਪ।1।

ਬਕਤੋ—ਬੋਲਣ ਵਾਲਾ। ਆਵਤੁ—ਜੰਮਦਾ। ਜਾਤੁ—ਜਾਂਦਾ (ਇਹ ਸਰੀਰ ਛੱਡ ਕੇ)। ਨਿਰਗੁਨ—ਮਾਇਆ ਦੇ ਤਿੰਨ ਗੁਣਾਂ ਤੋਂ ਰਹਿਤ। ਸਰਗੁਨ—ਤਿੰਨ ਗੁਣਾਂ ਸਮੇਤ। ਪ੍ਰਸਾਦਿ—ਕਿਰਪਾ ਨਾਲ। ਸਮਦ੍ਰਿਸਟਾ—ਸਭਨਾਂ ਵਿਚ ਇੱਕ ਪ੍ਰਭੂ ਨੂੰ ਵੇਖਣ ਦੀ ਸੂਝ।2।

ਅਰਥ:- ਹੇ ਭਾਈ! ਪਰਮਾਤਮਾ ਹੀ ਹਰੇਕ ਚੀਜ਼ ਪੈਦਾ ਕਰਨ ਵਾਲਾ ਹੈ, (ਤੇ ਸਭ ਵਿਚ ਵਿਆਪਕ ਹੋ ਕੇ ਉਹੀ) ਹਰੇਕ ਚੀਜ਼ ਭੋਗਣ ਵਾਲਾ ਹੈ।1। ਰਹਾਉ।

(ਹੇ ਭਾਈ! ਹਰੇਕ ਵਿਚ ਵਿਆਪਕ ਹੋ ਕੇ) ਪਰਮਾਤਮਾ ਹੀ ਸੁਣਨ ਵਾਲਾ ਹੈ ਪਰਮਾਤਮਾ ਹੀ ਵੇਖਣ ਵਾਲਾ ਹੈ। ਜੋ ਕੁਝ ਦਿੱਸ ਰਿਹਾ ਹੈ ਇਹ ਭੀ ਪਰਮਾਤਮਾ (ਦਾ ਰੂਪ) ਹੈ, ਜੋ ਅਨਦਿੱਸਦਾ ਜਗਤ ਹੈ ਉਹ ਭੀ ਪਰਮਾਤਮਾ (ਦਾ ਹੀ ਰੂਪ) ਹੈ। (ਸਾਰੇ ਜਗਤ ਦੀ) ਪੈਦਾਇਸ਼ (ਕਰਨ ਵਾਲਾ ਭੀ) ਪ੍ਰਭੂ ਹੀ ਹੈ, (ਸਭ ਦਾ) ਨਾਸ (ਕਰਨ ਵਾਲਾ ਭੀ) ਪ੍ਰਭੂ ਹੀ ਹੈ। ਸਭਨਾਂ ਵਿਚ ਵਿਆਪਕ ਭੀ ਪ੍ਰਭੂ ਹੀ ਹੈ, (ਅਤੇ ਵਿਆਪਕ ਹੁੰਦਿਆਂ) ਨਿਰਲੇਪ ਭੀ ਪ੍ਰਭੂ ਹੀ ਹੈ।1।

(ਹਰੇਕ ਵਿਚ) ਪ੍ਰਭੂ ਹੀ ਬੋਲਣ ਵਾਲਾ ਹੈ, ਪ੍ਰਭੂ ਹੀ ਸਮਝਣ ਵਾਲਾ ਹੈ। ਜਗਤ ਵਿਚ ਆਉਂਦਾ ਭੀ ਉਹੀ ਹੈ, ਇਥੋਂ ਜਾਂਦਾ ਭੀ ਉਹ ਪ੍ਰਭੂ ਹੀ ਹੈ। ਪ੍ਰਭੂ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਭੀ ਹੈ, ਤਿੰਨ ਗੁਣਾਂ ਸਮੇਤ ਭੀ ਹੈ। ਹੇ ਨਾਨਕ! ਪਰਮਾਤਮਾ ਨੂੰ ਸਭਨਾਂ ਵਿਚ ਹੀ ਵੇਖਣ ਦੀ ਇਹ ਸੂਝ ਗੁਰੂ ਦੀ ਕਿਰਪਾ ਨਾਲ ਪ੍ਰਾਪਤ ਹੁੰਦੀ ਹੈ।2।1।